# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-08-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਜਨ ਧਨ ਯੋਜਨਾ ਦੇ 10 ਸਾਲ ਪੂਰੇ ਹੋਣ 'ਤੇ, ਲਾਭਪਾਤਰੀਆਂ ਅਤੇ ਯੋਜਨਾ ਨੂੰ ਸਫਲ ਬਣਾਉਣ 'ਚ ਯੋਗਦਾਨ ਪਾਉਣ ਵਾਲਿਆਂ ਨੂੰ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ । ਜ਼ਿਕਰਯੋਗ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, 28 ਅਗਸਤ 2014 ਨੂੰ ਜਨ ਧਨ ਯੋਜਨਾ ਦੀ ਸ਼ੁਰੂਆਤ ਕੀਤੀ ਸੀ। ਇਸ ਯੋਜਨਾ ਤਹਿਤ ਹੁਣ ਤੱਕ, 53 ਕਰੋੜ 13 ਲੱਖ ਬੈਂਕ ਖਾਤੇ ਖੋਲ੍ਹੇ ਜਾ ਚੁੱਕੇ ਨੇ। ਇਨ੍ਹਾਂ ਖਾਤਿਆਂ 'ਚ 2 ਲੱਖ 30 ਹਜ਼ਾਰ ਕਰੋੜ ਰੁਪਏ ਜਮ੍ਹਾ ਨੇ । ਸਰਕਾਰ ਨੇ ਚਾਲੂ ਮਾਲੀ ਸਾਲ 2024- 25 ਵਿੱਚ ਤਿੰਨ ਕਰੋੜ ਤੋਂ ਵੱਧ ਹੋਰ ਜਨ-ਧਨ ਖਾਤੇ ਖੋਲ੍ਹਣ ਦਾ ਟੀਚਾ ਰੱਖਿਆ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਕਸ 'ਤੇ ਲਿਖਿਆ, ''ਅੱਜ ਦੇਸ਼ ਲਈ ਇੱਕ ਇਤਿਹਾਸਕ ਦਿਨ ਏ। ਇਸ ਮੌਕੇ ਸਾਰੇ ਲਾਭਪਾਤਰੀਆਂ ਨੂੰ

ਸ਼ੁਭਕਾਮਨਾਵਾਂ। ਇਸ ਯੋਜਨਾ ਨੂੰ ਕਾਮਯਾਬ ਕਰਨ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਸਾਰੇ ਲੋਕਾਂ ਨੂੰ ਬਹੁਤ ਬਹੁਤ ਵਧਾਈ। ਜਨ-ਧਨ ਯੋਜਨਾ ਕਰੋੜਾਂ ਦੇਸ਼ਵਾਸੀਆਂ, ਖਾਸ ਕਰਕੇ ਸਾਡੇ ਗਰੀਬ ਭੈਣ-ਭਰਾਵਾਂ ਨੂੰ, ਆਰਥਿਕ ਤੌਰ 'ਤੇ ਮਜਬੂਤ ਬਣਾਉਣ ਅਤੇ ਉਨ੍ਹਾਂ ਨੂੰ ਸਨਮਾਨ ਨਾਲ ਜੀਵਨ ਬਤੀਤ ਕਰਨ ਦਾ ਮੌਕਾ ਦੇਣ ਵਿੱਚ ਕਾਮਯਾਬ ਰਹੀ ਏ।

---------------------------------------------------------

ਦੇਸ਼ ਵਿੱਚ ਇਸ ਸਾਲ ਸਾਉਣੀ ਦੀ ਫ਼ਸਲ ਦੀ ਬਿਜਾਈ ਵਿੱਚ, ਮਹੱਤਵਪੂਰਨ ਪ੍ਰਗਤੀ ਹੋਈ ਏ, ਕੁੱਲ ਕਵਰੇਜ ਖੇਤਰ ਹੁਣ ਤੱਕ ਇਕ ਹਜ਼ਾਰ 65 ਲੱਖ ਹੈਕਟੇਅਰ ਤੋਂ ਵੱਧ ਹੋ ਗਿਆ ਏ। ਪਿਛਲੇ ਸਾਲ ਇਸੇ ਅਰਸੇ ਦੌਰਾਨ ਸਾਉਣੀ ਅਧੀਨ, ਤਕਰੀਬਨ ਇਕ ਹਜ਼ਾਰ 44 ਲੱਖ ਹੈਕਟੇਅਰ ਰਕਬਾ ਬੀਜਿਆ ਗਿਆ ਸੀ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਕੱਲ੍ਹ ਤੱਕ, ਸਾਉਣੀ ਦੀਆਂ ਫਸਲਾਂ ਦੇ ਖੇਤਰ ਕਵਰੇਜ ਦੀ ਪ੍ਰਗਤੀ ਰਿਪੋਰਟ ਜਾਰੀ ਕੀਤੀ। ਝੋਨੇ ਦੀ ਬਿਜਾਈ 394 ਲੱਖ ਹੈਕਟੇਅਰ ਤੋਂ ਵੱਧ ਹੋ ਗਈ ਏ। ਪਿਛਲੇ ਸਾਲ ਇਸ ਸਮੇਂ ਦੌਰਾਨ ਇਹ 378 ਲੱਖ ਹੈਕਟੇਅਰ ਤੋਂ ਵੱਧ ਸੀ। ਦਾਲਾਂ ਦੀ ਕਾਸ਼ਤ

ਵੀ, 115 ਲੱਖ ਹੈਕਟੇਅਰ ਤੋਂ ਵੱਧ ਕੇ 122 ਲੱਖ ਹੈਕਟੇਅਰ ਤੋਂ ਵੱਧ ਹੋ ਗਈ ਏ। ਮੋਟੇ ਅਨਾਜ ਦੀ ਬਿਜਾਈ 185 ਲੱਖ 51 ਹਜ਼ਾਰ  ਹੈਕਟੇਅਰ ਰਕਬੇ ਵਿੱਚ ਕੀਤੀ ਗਈ ਸੀ ਜਦੋਂ ਕਿ ਤੇਲ ਬੀਜਾਂ ਦੀ ਬਿਜਾਈ 188 ਲੱਖ 37 ਹਜ਼ਾਰ  ਹੈਕਟੇਅਰ ਵਿੱਚ ਕੀਤੀ ਗਈ ਸੀ।

-------------------------------------------------------

ਜਿਲ੍ਹਾ ਪਠਾਨਕੋਟ ਦੇ ਹਰੇਕ ਬਲਾਕ ਵਿਚ, ਇੱਕ ਇੱਕ ਥਾਪਰ ਮਾਡਲ ਪੌਂਡ ਤਿਆਰ ਕੀਤਾ ਜਾਣਾ ਏ ਤਾਂ ਜੋ ਪਿੰਡ ਦੇ ਨਿਕਾਸੀ ਪਾਣੀ ਨੂੰ ਫਿਲਟਰ ਕਰਕੇ ਖੇਤੀ ਕਾਰਜਾਂ ਵਿੱਚ ਪ੍ਰਯੋਗ ਕੀਤਾ ਜਾ ਸਕੇ। ਇਹ ਪ੍ਰਗਟਾਵਾ ਜ਼ਿਲੇ ਦੇ ਡਿਪਟੀ ਕਮਿਸਨਰ ਆਦਿੱਤਿਆ ਉੱਪਲ ਨੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਇਕ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਬਲਾਕ ਵਿਕਾਸ ਅਧਿਕਾਰੀਆਂ ਨੂੰ ਹਦਾਇਤ ਕੀਤੀ, ਕਿ ਉਹ, ਅਪਣੇ ਅਪਣੇ ਬਲਾਕ ਵਿਚ ਥਾਪਰ ਮਾਡਲ ਪੌਂਡ ਦੇ ਨਿਯਮਾਂ ਨੂੰ ਧਿਆਨ ਵਿੱਚ ਰੱਖਕੇ, ਪਿੰਡਾਂ ਦੀ ਚੋਣ ਕਰਨ ਅਤੇ ਹਰੇਕ ਪਿੰਡ ਵਿਚ ਬਣਾਏ ਜਾਣ ਵਾਲੇ ਮਾਡਲ ਦੀ ਅਨੁਮਾਨਤ ਰਕਮ ਦੀ ਰਿਪੋਰਟ ਬਣਾ ਕੇ ਦਿੱਤੀ ਜਾਵੇ ਤਾਂ ਜੋ ਸਮੇਂ ਰਹਿੰਦਿਆਂ ਕਾਰਜ ਸੁਰੂ ਕਰਵਾਇਆ ਜਾ ਸਕੇ। ਆਦਿੱਤਿਆ

ਉੱਪਲ ਨੇ ਕਿਹਾ ਕਿ ਇਸ ਤੋਂ ਇਲਾਵਾ ਹਰੇਕ ਬਲਾਕ ਵਿਚ ਜਿਨ੍ਹਾਂ ਪਿੰਡਾਂ ਅੰਦਰ ਖੇਡ ਸਟੇਡੀਅਮ ਦੀ ਜਰੂਰਤ ਏ ਉਨ੍ਹਾਂ ਦੀ ਰਿਪੋਰਟ ਵੀ ਬਣਾ ਕੇ ਦਿੱਤੀ ਜਾਵੈ, ਤਾਂ ਜੋ ਸਟੇਡੀਅਮ ਬਣਾ ਕੇ ਨੋਜਵਾਨ ਪੀੜੀ ਨੂੰ ਖੇਡਾਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

-------------------------------------------------------

ਬਠਿੰਡਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ, ਜ਼ਿਲ੍ਹੇ ਦੇ ਪਿੰਡ ਝੂੰਬਾ ਵਿਖੇ ਸਾਢੇ 7 ਏਕੜ ’ਚ 6 ਕਰੋੜ ਰੁਪਏ ਦੀ ਲਾਗਤ ਨਾਲ ਬਣਾਈ ਜਾ ਰਹੀ, ਸਰਕਾਰੀ ਗਊਸ਼ਾਲਾ ਦਾ ਦੌਰਾ ਕਰਕੇ, ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ। ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਰਾਹੁਲ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਗਊਸ਼ਾਲਾ ਵਿੱਚ ਕਰੀਬ 900 ਗਊਆਂ ਦਾ ਰੱਖ-ਰਖਾਵ ਕੀਤਾ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਇਸ ਗਊਸ਼ਾਲਾ ’ਚ ਪਸ਼ੂਆਂ ਦੇ ਠਹਿਰਾਅ ਲਈ 6 ਵੱਡੇ ਸ਼ੈੱਡ ਬਣਾਏ ਗਏ ਨੇ ਅਤੇ 2 ਸ਼ੈੱਡ ਤੂੜੀ ਲਈ ਵੱਖਰੇ ਬਣਾਏ ਗਏ ਨੇ। ਇਸ ਤੋਂ ਇਲਾਵਾ ਗਊਆਂ ਦੀ ਸਾਂਭ-ਸੰਭਾਲ

ਕਰਨ ਵਾਲੇ ਸਟਾਫ ਲਈ ਕਮਰੇ ਅਤੇ ਇੱਕ ਦਫਤਰ ਵੀ ਬਣਾਇਆ ਗਿਆ ਏ । ਉਨਾਂ ਕਿਹਾ ਕਿ ਇਸ ਗਊਸ਼ਾਲਾ ਦੇ ਬਨਣ ਨਾਲ ਆਵਾਰਾ ਪਸ਼ੂਆਂ ਦੀ ਸਾਂਭ-ਸੰਭਾਲ ਕੀਤੀ ਜਾ ਸਕੇਗੀ ਜਿਸ ਨਾਲ ਆਲੇ-ਦੁਆਲੇ ਦੇ ਲੋਕਾਂ ਨੂੰ ਕਾਫੀ ਵੱਡਾ ਲਾਹਾ ਮਿਲੇਗਾ ਅਤੇ ਸੜਕ ਹਾਦਸੇ ਵੀ ਘਟਣਗੇ।

----------------------------------------------------------

ਭਾਸ਼ਾ ਵਿਭਾਗ ਪੰਜਾਬ ਨੇ, ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ, ਨਵੀਂ ਸ਼ੁਰੂਆਤ ਕੀਤੀ ਏ । ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਦੇਖ-ਰੇਖ 'ਚ ਪਟਿਆਲਾ ਵਿਖੇ, ਕਲ 'ਪੰਜਾਬੀ ਕੰਪਿਊਟਰਕਾਰੀ ਅਤੇ ਮਸ਼ੀਨੀ ਬੁੱਧੀਮੱਤਾ' ਵਿਸ਼ੇ 'ਤੇ ਆਪਣੀ ਕਿਸਮ ਦੀ ਪਲੇਠੀ ਵਰਕਸ਼ਾਪ ਕਾਰਵਾਈ ਗਈ । ਉੱਘੇ ਕੰਪਿਊਟਰ ਮਾਹਿਰ ਤੇ ਪੰਜਾਬੀ ਭਾਸ਼ਾ ਦੇ ਕੰਪਿਊਟਰੀਕਰਨ ਲਈ ਲੰਬੇ ਅਰਸੇ ਤੋਂ ਕਾਰਜਸ਼ੀਲ ਡਾ. C.P. ਕੰਬੋਜ ਨੇ ਵੱਖ-ਵੱਖ ਤਕਨੀਕੀ ਨੁਕਤਿਆਂ ਬਾਰੇ ਅਭਿਆਸ ਰੂਪ 'ਚ ਜਾਣਕਾਰੀ ਸਾਂਝੀ ਕੀਤੀ । ਉਨ੍ਹਾਂ ਦੀ ਟੀਮ 'ਚ ਸੁਰਿੰਦਰ ਸਿੰਘ, ਮਨਿੰਦਰ ਸਿੰਘ ਤੇ ਜੋਤੀ ਕੌਰ ਸ਼ਾਮਲ ਰਹੇ । ਵਿਭਾਗ ਦੇ

ਅਧਿਕਾਰੀਆਂ ਤੇ ਕਰਮਚਾਰੀਆਂ ਤੋਂ ਇਲਾਵਾ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਹੋਰਨਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਇਸ ਵਿਚ ਹਿੱਸਾ ਲਿਆ। ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਭਾਸ਼ਨ ਦੌਰਾਨ ਵਰਕਸ਼ਾਪ ਦੀ ਰੂਪ-ਰੇਖਾ ਤੇ ਟੀਚਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਅਜੋਕੇ ਡਿਜੀਟਲ ਯੁੱਗ ਦੇ ਹਾਣ ਦੀ ਬਣਾਉਣ ਲਈ, ਬਹੁਤ ਵੱਡੇ ਉਪਰਾਲਿਆਂ ਦੀ ਜ਼ਰੂਰਤ ਏ। ਇਸੇ ਤਹਿਤ ਹੀ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ ’ਚ ਸਥਾਪਤ ਕਰਨ ਲਈ ਯਤਨ ਆਰੰਭ ਕੀਤੇ ਨੇ। ਜਿਸ ਦਾ ਮਕਸਦ ਹੋਰਨਾਂ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਸ ਮਿਸ਼ਨ ਨਾਲ ਜੋੜਨਾ ਏ।

---------------------------------------------------------

ਪੰਜਾਬ ਵਿੱਚ ਅੱਜ ਕਈ ਜ਼ਿਲਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਏ ਅਤੇ ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ ਤੇ ਹੁਸ਼ਿਆਰਪੁਰ ਵਿਚ ਯੈਲੋ ਅਲਰਟ ਜਾਰੀ ਕੀਤਾ ਏ। ਬੀਤੇ ਕਲ ਸਵੇਰ ਤੱਕ ਸੂਬੇ ਵਿੱਚ ਔਸਤਨ 11 ਇਸ਼ਾਰਿਆ 8 ਮਿਲੀ-ਮੀਟਰ ਬਾਰਿਸ਼ ਦਰਜ ਕੀਤੀ ਗਈ। ਅੱਜ ਹੋਈ ਬਾਰਿਸ਼ ਤੋਂ ਬਾਅਦ ਸੂਬੇ ਦੇ ਤਾਪਮਾਨ 'ਚ ਇਕ ਇਸ਼ਾਰਿਆ

8 ਡਿਗਰੀ ਤਕ ਦੀ ਗਿਰਾਵਟ ਦੇਖਣ ਨੂੰ ਮਿਲੀ ਏ। ਮੌਸਮ ਵਿਭਾਗ ਅਨੁਸਾਰ ਸਮੁਚੇ ਸੂਬੇ ਵਿੱਚ 25 ਤੋਂ 50 ਫੀਸਦੀ ਤੱਕ ਮੀਂਹ ਪੈਣ ਦੀ ਸੰਭਾਵਨਾ ਏ। ਬੀਤੀ ਸ਼ਾਮ ਤੱਕ ਅੰਮ੍ਰਿਤਸਰ ਵਿੱਚ 3 ਇਸ਼ਾਰਿਆ 8, ਬਰਨਾਲਾ ਵਿੱਚ 14 ਇਸ਼ਾਰਿਆ 4, ਬਠਿੰਡਾ ਵਿੱਚ 5 ਇਸ਼ਾਰਿਆ 7, ਫਤਿਹਗੜ੍ਹ ਸਾਹਿਬ ਵਿੱਚ 27 ਇਸ਼ਾਰਿਆ 6, ਗੁਰਦਾਸਪੁਰ ਵਿੱਚ 15 ਇਸ਼ਾਰਿਆ 7, ਕਪੂਰਥਲਾ ਵਿੱਚ 22 ਇਸ਼ਾਰਿਆ 6, ਲੁਧਿਆਣਾ ਵਿੱਚ 15 ਇਸ਼ਾਰਿਆ 1, ਪਠਾਨਕੋਟ ਵਿੱਚ 42 ਇਸ਼ਾਰਿਆ 7, ਪਟਿਆਲਾ ਵਿੱਚ 44 ਇਸ਼ਾਰਿਆ 5, ਸੰਗਰੂਰ ਵਿੱਚ 19 ਇਸ਼ਾਰਿਆ 4 ਮਿਲੀਮੀਟਰ ਮੀਂਹ ਰਿਕਾਰਡ ਕੀਤਾ ਗਿਆ।